ਜ਼ਿਲ੍ਹਾ ਪੱਧਰੀ ਖੇਡਾਂ ਦੀ ਸਮਾਪਤੀ ਮੌਕੇ ਜੇਤੂ ਖਿਡਾਰੀਆਂ ਨੂੰ ਡਾ. ਅਗਨੀਹੋਤਰੀ ਨੇ ਤਕਸੀਮ ਕੀਤੇ ਇਨਾਮ

ਨੌਜਵਾਨਾਂ ਨੂੰ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਨਾਲ ਜੁੜਣਾ ਚਾਹੀਦਾ : ਡਾ. ਸੰਦੀਪ ਅਗਨੀਹੋਤਰੀ

ਵਾਲੀਵਾਲ ਮੁਕਾਬਲਿਆਂ ਵਿੱਚ ਵਲਟੋਹਾ ਨੇ ਪਹਿਲਾ, ਕੰਗ ਨੇ ਦੂਜਾ ਅਤੇ ਭੁੱਲਰ ਦੀ ਟੀਮ ਨੇ ਹਾਸਿਲ ਕੀਤਾ ਤੀਜਾ ਸਥਾਨ

ਤਰਨਤਾਰਨ, 4 ਅਕਤੂਬਰ :

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲ-ਦਲ ’ਚੋਂ ਬਾਹਰ ਕੱਢਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਨੌਜਵਾਨਾਂ ਨੂੰ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਨਾਲ ਜੁੜਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਤਰਨਤਾਰਨ ਦੇ ਵਿਧਾਇਕ ਡਾ. ਧਰਮਵੀਰ ਅਗਨੀਹੋਤਰੀ ਦੇ ਬੇਟੇ ਅਤੇ ਸੀਨੀਅਰ ਕਾਂਗਰਸੀ ਆਗੂ ਡਾ. ਸੰਦੀਪ ਅਗਨੀਹੋਤਰੀ ਨੇ 2 ਰੋਜ਼ਾ ਜ਼ਿਲ੍ਹਾ ਪੱਧਰੀ ਖੇਡਾਂ ਦੀ ਸਮਾਪਤੀ ਮੌਕੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਨ ਮੌਕੇ ਕੀਤਾ।



ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਕਿਸੇ ਵੀ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਰਕਾਰ ਵੱਲੋਂ ਉਨ੍ਹਾਂ ਨੂੰ ਹਰ ਪ੍ਰਕਾਰ ਦਾ ਖੇਡਾਂ ਦਾ ਸਮਾਨ ਮੁਹੱਈਆ ਕਰਵਾਇਆ ਜਾਵੇਗਾ। ਇਸ ਮੌਕੇ ’ਤੇ ਜ਼ਿਲ੍ਹਾ ਖੇਡ ਅਫ਼ਸਰ ਤਰਨਤਾਰਨ ਸ੍ਰ. ਸਤਪਾਲ ਸਿੰਘ ਨੇ ਦੱਸਿਆ ਕਿ ਵਾਲੀਵਾਲ ਲੜਕਿਆਂ ਦੇ ਖੇਡ ਮੁਕਾਬਲਿਆਂ ਵਿੱਚ ਵਲਟੋਹਾ

ਨੇ ਪਹਿਲਾ, ਕੰਗ ਨੇ ਦੂਜਾ ਅਤੇ ਭੁੱਲਰ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਜਦੋਂਕਿ ਲੜਕੀਆਂ ਦੇ ਮੁਕਾਬਲੇ ਵਿੱਚ ਕੰਗ ਨੇ ਪਹਿਲਾ, ਸੋਹਲ ਨੇ ਦੂਜਾ ਤੇ ਸ੍ਰੀ ਗੁਰੂ ਅਮਰਦਾਸ ਸਕੂਲ ਸ੍ਰੀ ਗੋਇੰਦਵਾਲ ਸਾਹਿਬ ਨੇ ਤੀਜਾ ਸਥਾਨ ਹਾਸਿਲ ਕੀਤਾ।

ਫੁੱਟਬਾਲ ਲੜਕੀਆਂ ਦੇ ਮੁਕਾਬਲੇ ਵਿੱਚ ਢੰਡ ਨੇ ਪਹਿਲਾ, ਅਕਾਲ ਅਕੈਡਮੀ ਤੇਜਾ ਸਿੰਘ ਨੇ ਦੂਜਾ ਤੇ ਰਟੌਲ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਹੈਂਡਬਾਲ ਲੜਕੇ ਦੇ ਮੁਕਾਬਲਿਆਂ ਵਿੱਚ ਕੈਰੋਂ ਨੇ ਪਹਿਲਾ, ਪੂਨੀਆਂ ਨੇ ਦੂਜਾ ਤੇ ਸਖੀਰਾ ਨੇ ਤੀਸਰਾ ਸਥਾਨ ਹਾਸਿਲ ਕੀਤਾ। ਉਨ੍ਹਾਂ ਦੱਸਿਆ ਕਿ ਲੜਕੀਆਂ ਦੇ ਹੈਂਡਬਾਲ ਮੁਕਾਬਲਿਆਂ ਵਿੱਚ ਕੈਰੋਂ ਨੇ ਪਹਿਲਾ, ਸਖੀਰਾ ਨੇ ਦੂਜਾ ਤੇ ਭੁੱਲਰ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਲੜਕੇ ਦੇ ਮੁਕਾਬਲਿਆਂ ਵਿੱਚ ਕੋਚਿੰਗ ਸੈਂਟਰ ਬੀੜ ਸਾਹਿਬ ਨੇ ਪਹਿਲਾਂ, ਸੰਤ ਫਰੀਦ ਸਕੂਲ ਤੂਤ ਨੇ ਦੂਜਾ ਤੇ ਪਿੰਡ ਦੰਡ ਮਾਣੇਕੇ ਨੇ ਤੀਜਾ ਸਥਾਨ ਹਾਸਿਲ ਕੀਤਾ।

ਕਬੱਡੀ ਲੜਕੀਆਂ ਦੇ ਮੁਕਾਬਲੇ ਵਿੱਚ ਸੰਤ ਫਰੀਦ ਸਕੂਲ ਤੂਤ ਨੇ ਪਹਿਲਾ, ਸਰਕਾਰੀ ਸੈਕੰਡਰੀ ਸਕੂਲ ਕੱਲਾ ਨੇ ਦੂਜਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਰਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਹਾਕੀ ਲੜਕੇ ਦੇ ਮੁਕਾਬਲਿਆਂ ਵਿੱਚ ਖਡੂਰ ਸਾਹਿਬ ਨੇ ਪਹਿਲਾ, ਤਰਨਤਾਰਨ ਨੇ ਦੂਜਾ ਤੇ ਚੋਹਲਾ ਸਾਹਿਬ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਦੋਂਕਿ ਲੜਕੀਆਂ ਦੇ ਮੁਕਾਬਲੇ ਵਿੱਚ ਤਰਨਤਾਰਨ ਨੇ ਪਹਿਲਾ, ਕੈਰੋਂ ਨੇ ਦੂਜਾ ਤੇ ਪੱਟੀ ਨੇ ਤੀਜਾ ਸਥਾਨ ਹਾਸਿਲ ਕੀਤਾ।

ਇਸ ਮੌਕੇ ’ਤੇ ਸੀਨੀਅਰ ਕੁਸ਼ਤੀ ਕੋਚ ਸ੍ਰ. ਬਲਬੀਰ ਸਿੰਘ, ਸੀਨੀਅਰ ਸਹਾਇਕ ਸ੍ਰੀ ਮਤੀ ਰਵੀਨ ਕੌਰ, ਜੂਨੀਅਰ ਐਥਲੈਟਿਕ ਕੋਚ ਸ੍ਰੀ ਕੁਲਵਿੰਦਰ ਸਿੰਘ, ਸ੍ਰੀ ਮਤੀ ਗੁਰਬਰਿੰਦਰ ਕੌਰ, ਜੂਨੀਅਰ ਫੈਨਸਿੰਗ ਕੋਚ ਸ੍ਰੀ ਮਤੀ ਅਮਨਦੀਪ ਕੌਰ, ਕਬੱਡੀ ਕੋਚ ਸ੍ਰ. ਗੁਰਜੀਤ ਸਿੰਘ, ਸਟੈਨੋਟਾਈਪਿਸਟ ਸ੍ਰੀ ਮਤੀ ਕੁਲਦੀਪ ਕੌਰ, ਫੁੱਟਬਾਲ ਕੋਚ ਰਜਿੰਦਰ ਸਿੰਘ, ਸੀਨੀਅਰ ਕਾਂਗਰਸੀ ਆਗੂ ਸ੍ਰ. ਕਸ਼ਮੀਰ ਸਿੰਘ ਸਿੱਧੂ ਭੋਲਾ, ਨੈਸ਼ਨਲ ਸਟੂਡੈਂਟਸ ਯੂਨੀਅਨ (ਐਨ.ਐਸ.ਯੂ.ਆਈ.) ਦੇ ਸ਼ਹਿਰੀ ਪ੍ਰਧਾਨ ਸ੍ਰੀ. ਮਨੋਜ ਅਗਨੀਹੋਤਰੀ, ਮੀਤ ਪ੍ਰਧਾਨ ਰਿਤਿਕ ਅਰੋੜਾ, ਕੌਂਸਲਰ ਸ੍ਰ. ਸੁਰਿੰਦਰ ਸਿੰਘ ਮੱਲੀ, ਪਰਮਿੰਦਰ ਸਿੰਘ ਵਿੱਕੀ ਝਬਾਲ, ਅੰਗਰੇਜ਼ ਸਿੰਘ, ਹੈਂਡਬਾਲ ਕੋਚ ਸਰੂਪ ਸਿੰਘ ਢੋਟੀਆਂ ਆਦਿ ਹਾਜ਼ਰ ਸਨ।

-------------------